ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ ੴ ਸਤਿਗੁਰ ਪ੍ਰਸਾਦਿ ॥ ਦੁਬਿਧਾ ਬਉਰੀ ਮਨੁ ਬਉਰਾਇਆ ॥ ਝੂਠੈ ਲਾਲਚਿ ਜਨਮੁ ਗਵਾਇਆ ॥ ਲਪਟਿ ਰਹੀ ਫੁਨਿ ਬੰਧੁ ਨ ਪਾਇਆ ॥ ਸਤਿਗੁਰਿ ਰਾਖੇ ਨਾਮੁ ਦ੍ਰਿੜਾਇਆ ॥੧॥ ਨਾ ਮਨੁ ਮਰੈ ਨ ਮਾਇਆ ਮਰੈ ॥ ਜਿਨਿ ਕਿਛੁ ਕੀਆ ਸੋਈ ਜਾਣੈ ਸਬਦੁ ਵੀਚਾਰਿ ਭਉ ਸਾਗਰੁ ਤਰੈ ॥ ੧॥ ਰਹਾਉ ॥ ਮਾਇਆ ਸੰਚਿ ਰਾਜੇ ਅਹੰਕਾਰੀ ॥ ਮਾਇਆ ਸਾਥਿ ਨ ਚਲੈ ਪਿਆਰੀ ॥ ਮਾਇਆ ਮਮਤਾ ਹੈ ਬਹੁ ਰੰਗੀ ॥ ਬਿਨੁ ਨਾਵੈ ਕੋ ਸਾਥਿ ਨ ਸੰਗੀ ॥੨॥ ਜਿਉ ਮਨੁ ਦੇਖਹਿ ਪਰ ਮਨੁ ਤੈਸਾ ॥ ਜੈ ਸੀ ਮਨਸਾ ਤੈਸੀ ਦਸਾ ॥ ਜੈਸਾ ਕਰਮੁ ਤੈਸੀ ਲਿਵ ਲਾਵੈ ॥ ਸਤਿਗੁਰੁ ਪੂਛਿ ਸਹਜ ਘਰੁ ਪਾਵੈ ॥ ੩॥ ਰਾਗਿ ਨਾਦਿ ਮਨੁ ਦੂਜੈ ਭਾਇ ॥ ਅੰਤਰਿ ਕਪਟੁ ਮਹਾ ਦੁਖੁ ਪਾਇ ॥ ਸਤਿਗੁਰੁ ਭੇਟੈ ਸੋਝੀ ਪਾਇ ॥ ਸਚੈ ਨਾਮਿ ਰਹੈ ਲਿਵ ਲਾਇ ॥ ੪॥ ਸਚੈ ਸਬਦਿ ਸਚੁ ਕਮਾਵੈ ॥ ਸਚੀ ਬਾਣੀ ਹਰਿ ਗੁਣ ਗਾਵੈ ॥ ਨਿਜ ਘਰਿ ਵਾਸੁ ਅਮਰ ਪਦੁ ਪਾਵੈ ॥ ਤਾ ਦਰਿ ਸਾਚੈ ਸੋਭਾ ਪਾਵੈ ॥੫॥ ਗੁਰ ਸੇਵਾ ਬਿਨੁ ਭਗਤਿ ਨ ਹੋਈ ॥ ਅਨੇਕ ਜਤਨ ਕਰੈ ਜੇ ਕੋਈ ॥ ਹਉਮੈ ਮੇਰਾ ਸਬਦੇ ਖੋਈ ॥ ਨਿਰਮਲ ਨਾਮੁ ਵਸੈ ਮਨਿ ਸੋਈ ॥ ੬॥ ਇਸੁ ਜਗ ਮਹਿ ਸਬਦੁ ਕਰਣੀ ਹੈ ਸਾਰੁ ॥ ਬਿਨੁ ਸਬਦੈ ਹੋਰੁ ਮੋਹੁ ਗੁਬਾਰੁ ॥ ਸਬਦੇ ਨਾਮੁ ਰਖੈ ਉਰਿ ਧਾਰਿ ॥ ਸਬਦੇ ਗਤਿ ਮਤਿ ਮੋਖ ਦੁਆਰੁ ॥੭॥ ਅਵਰੁ ਨਾਹੀ ਕਰਿ ਦੇਖਣਹਾਰੋ ॥ ਸਾਚਾ ਆਪਿ ਅਨੂਪੁ ਅਪਾਰੋ ॥ ਰਾਮ ਨਾਮ ਊਤਮ ਗਤਿ ਹੋਈ ॥ ਨਾਨਕ ਖੋਜਿ ਲਹੈ ਜਨੁ ਕੋਈ ॥੮॥੧॥ {ਪੰਨਾ 1342}

ਪਦ ਅਰਥ:- ਦੁਬਿਧਾ—ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ, ਦੁਚਿੱਤਾ-ਪਨ। ਲਾਲਚਿ—ਲਾਲਚ ਦੇ ਕਾਰਨ। ਲਪਟਿ ਰਹੀ—(ਮਾਇਆ) ਚੰਬੜੀ ਰਹਿੰਦੀ ਹੈ। ਬੰਧੁ—ਰੋਕ, ਰੁਕਾਵਟ। ਸਤਿਗੁਰਿ—ਗੁਰੂ ਨੇ।1।

ਨਾ ਮਨੁ ਮਰੈ—ਮਨ ਮਾਇਆ ਦੇ ਮੋਹ ਵਿਚ ਫਸਣੋਂ ਹਟਦਾ ਨਹੀਂ। ਨ ਮਾਇਆ ਮਰੈ—ਮਾਇਆ ਆਪਣਾ ਜ਼ੋਰ ਪਾਣੋਂ ਨਹੀਂ ਹਟਦੀ। ਜਿਨਿ—ਜਿਸ (ਪਰਮਾਤਮਾ) ਨੇ। ਕਿਛੁ—ਇਹ ਖੇਡ। ਭਉ ਸਾਗਰੁ—ਸੰਸਾਰ-ਸਮੁੰਦਰ।1। ਰਹਾਉ।

ਸੰਚਿ—ਜੋੜ ਜੋੜ ਕੇ, ਇਕੱਠੀ ਕਰ ਕੇ। ਮਮਤਾ—ਅਪਣੱਤ, ਆਪਣੀ ਬਣਾਣ ਦੀ ਤਾਂਘ। ਬਹੁ ਰੰਗੀ—ਕਈ ਕਿਸਮਾਂ ਦੀ।2।

ਦੇਖਹਿ—ਵੇਖਦੇ ਹਨ। ਪਰ ਮਨੁ—ਦੂਜੇ ਦਾ ਮਨ। ਮਨਸਾ—ਕਾਮਨਾ, ਖ਼ਾਹਸ਼। ਦਸਾ—ਹਾਲਤ, ਅਵਸਥਾ। ਕਰਮੁ—ਕੰਮ। ਲਿਵ—ਲਗਨ। ਪੂਛਿ—ਪੁੱਛ ਕੇ। ਸਹਜ ਘਰੁ—ਆਤਮਕ ਅਡੋਲਤਾ ਦਾ ਟਿਕਾਣਾ, ਉਹ ਘਰ ਜਿਥੇ ਆਤਮਕ ਅਡੋਲਤਾ ਮਿਲ ਸਕੇ।3।

ਰਾਗਿ—ਰਾਗ ਦੀ ਰਾਹੀਂ। ਨਾਦਿ—ਨਾਦ ਦੀ ਰਾਹੀਂ। ਰਾਗਿ ਨਾਦਿ—(ਦੁਨੀਆ ਦੇ) ਰਾਗ ਰੰਗ ਦੀ ਰਾਹੀਂ। ਭਾਇ—ਪਿਆਰ ਵਿਚ। ਭਉ—ਪਿਆਰ। ਕਪਟੁ—ਖੋਟ। ਭੇਟੈ—ਮਿਲਦਾ ਹੈ।4।

ਸਚੁ—ਸਦਾ-ਥਿਰ ਸਿਮਰਨ ਦੀ ਕਾਰ। ਘਰਿ—ਘਰ ਵਿਚ। ਅਮਰ ਪਦੁ—ਉਹ ਦਰਜਾ ਜਿੱਥੇ ਆਤਮਕ ਜੀਵਨ ਬਣਿਆ ਰਹਿੰਦਾ ਹੈ। ਦਰਿ—(ਪ੍ਰਭੂ ਦੇ) ਦਰ ਤੇ।5।

ਖੋਈ—ਨਾਸ ਹੁੰਦਾ ਹੈ। ਸੋਈ—ਉਹੀ।6।

ਸਾਰੁ—ਸ੍ਰੇਸ਼ਟ। ਗੁਬਾਰੁ—ਹਨੇਰਾ। ਉਰਿ—ਹਿਰਦੇ ਵਿਚ। ਗਤਿ—ਉੱਚੀ ਆਤਮਕ ਅਵਸਥਾ।7।

ਕਰਿ—(ਜਗਤ) ਪੈਦਾ ਕਰ ਕੇ। ਦੇਖਣਹਾਰੋ—ਸੰਭਾਲ ਕਰਨ ਵਾਲਾ। ਅਨੂਪੁ—(ਉਪਮਾ-ਰਹਿਤ) ਬੇ-ਮਿਸਾਲ,

ਮਹਾਂ ਸੁੰਦਰ। ਅਪਾਰੋ—ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਾਹ ਦਿੱਸੇ।8।

ਅਰਥ:- ਮਾਇਆ (ਇਤਨੀ ਪ੍ਰਬਲ ਹੈ ਕਿ ਇਹ ਜੀਵਾਂ ਉਤੇ) ਆਪਣਾ ਜ਼ੋਰ ਪਾਣੋਂ ਨਹੀਂ ਹਟਦੀ, (ਮਨੁੱਖ ਦਾ) ਮਨ (ਕਮਜ਼ੋਰ ਹੈ ਇਹ) ਮਾਇਆ ਦੇ ਮੋਹ ਵਿਚ ਫਸਣੋਂ ਨਹੀਂ ਹਟਦਾ। ਜਿਸ ਪਰਮਾਤਮਾ ਨੇ ਇਹ ਖੇਡ ਰਚੀ ਹੈ ਉਹੀ ਜਾਣਦਾ ਹੈ (ਕਿ ਮਾਇਆ ਦੇ ਪ੍ਰਭਾਵ ਤੋਂ ਜੀਵ ਕਿਵੇਂ ਬਚ ਸਕਦਾ ਹੈ)। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਉਹ (ਮਾਇਆ ਦੇ ਮੋਹ-ਰੂਪ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।1। ਰਹਾਉ।

(ਮਾਇਆ ਦੇ ਮੋਹ ਦੇ ਕਾਰਨ ਮਨੁੱਖ ਦੀ ਮਤਿ) ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਕਮਲੀ ਹੋ ਜਾਂਦੀ ਹੈ, ਮਨ (ਭੀ) ਕਮਲਾ ਹੋ ਜਾਂਦਾ ਹੈ (ਇਸ ਤਰ੍ਹਾਂ) ਝੂਠੇ ਲਾਲਚ ਵਿਚ ਫਸ ਕੇ ਮਨੁੱਖ ਆਪਣਾ ਜੀਵਨ ਜ਼ਾਇਆ ਕਰ ਲੈਂਦਾ ਹੈ। (ਮਾਇਆ ਇਤਨੀ ਡਾਢੀ ਹੈ ਕਿ ਇਹ ਜੀਵ ਨੂੰ) ਮੁੜ ਮੁੜ ਚੰਬੜਦੀ ਹੈ, ਇਸ ਦੇ ਰਾਹ ਵਿਚ ਕੋਈ ਰੋਕ ਨਹੀਂ ਪੈ ਸਕਦੀ। (ਹਾਂ) ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ, ਉਸ ਨੂੰ ਉਸ ਨੇ (ਮਾਇਆ ਦੇ ਪੰਜੇ ਤੋਂ) ਬਚਾ ਲਿਆ।1।

ਮਾਇਆ ਇਕੱਠੀ ਕਰ ਕੇ ਰਾਜੇ ਮਾਣ ਕਰਨ ਲੱਗ ਪੈਂਦੇ ਹਨ, ਪਰ ਉਹਨਾਂ ਦੀ ਉਹ ਪਿਆਰੀ ਮਾਇਆ (ਅੰਤ ਵੇਲੇ) ਉਹਨਾਂ ਦੇ ਨਾਲ ਨਹੀਂ ਜਾਂਦੀ। ਮਾਇਆ ਨੂੰ ਆਪਣੀ ਬਣਾਣ ਦੀ ਤਾਂਘ ਕਈ ਰੰਗਾਂ ਦੀ ਹੈ (ਭਾਵ, ਕਈ ਤਰੀਕਿਆਂ ਨਾਲ ਮਾਇਆ ਜੀਵ ਉਤੇ ਮਮਤਾ ਦਾ ਜਾਲ ਵਿਛਾਂਦੀ ਹੈ), ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਪਦਾਰਥ ਜੀਵ ਦਾ ਸੰਗੀ ਨਹੀਂ ਬਣਦਾ, ਜੀਵ ਦੇ ਨਾਲ ਨਹੀਂ ਜਾਂਦਾ।2।

(ਮਾਇਆ ਦੇ ਪ੍ਰਭਾਵ ਹੇਠ ਜੀਵਾਂ ਦੀ ਹਾਲਤ ਇਹ ਹੋ ਜਾਂਦੀ ਹੈ ਕਿ ਮਨੁੱਖ) ਜਿਵੇਂ ਆਪਣੇ ਮਨ ਨੂੰ ਵੇਖਦੇ ਹਨ, ਤਿਹੋ ਜਿਹਾ ਹੋਰਨਾਂ ਦੇ ਮਨ ਨੂੰ ਸਮਝਦੇ ਹਨ (ਭਾਵ, ਜਿਵੇਂ ਆਪਣੇ ਆਪ ਨੂੰ ਮਾਇਆ-ਵੱਸ ਜਾਣਦੇ ਹਨ ਤਿਵੇਂ ਹੋਰਨਾਂ ਨੂੰ ਭੀ ਮਾਇਆ ਦੇ ਲੋਭੀ ਸਮਝਦੇ ਹਨ। ਇਸ ਵਾਸਤੇ ਕੋਈ ਕਿਸੇ ਉਤੇ ਇਤਬਾਰ ਨਹੀਂ ਕਰਦਾ)। (ਮਨੁੱਖ ਦੇ ਅੰਦਰ) ਜਿਹੋ ਜਿਹੀ ਕਾਮਨਾ ਉੱਠਦੀ ਹੈ ਤਿਹੋ ਜਿਹੀ ਉਸ ਦੇ ਆਤਮਕ ਜੀਵਨ ਦੀ ਹਾਲਤ ਹੋ ਜਾਂਦੀ ਹੈ, (ਉਸ ਦਸ਼ਾ ਦੇ ਅਧੀਨ) ਮਨੁੱਖ ਜਿਹੋ ਜਿਹਾ ਕੰਮ (ਨਿੱਤ) ਕਰਦਾ ਹੈ, ਉਹੋ ਜਿਹੀ ਉਸ ਦੀ ਲਗਨ ਬਣਦੀ ਜਾਂਦੀ ਹੈ (ਇਸ ਗੇੜ ਵਿਚ ਫਸਿਆ ਮਨੁੱਖ ਸਾਰੀ ਉਮਰ ਮਾਇਆ ਦੀ ਖ਼ਾਤਰ ਭਟਕਦਾ ਫਿਰਦਾ ਹੈ)। ਸਤਿਗੁਰੂ ਪਾਸੋਂ ਸਿੱਖਿਆ ਲੈ ਕੇ ਹੀ ਮਨੁੱਖ ਆਤਮਕ ਅਡੋਲਤਾ ਦਾ ਟਿਕਾਣਾ ਲੱਭ ਸਕਦਾ ਹੈ।3।

(ਦੁਨੀਆ ਵਾਲਾ ਰਾਗ-ਰੰਗ ਭੀ ਮਾਇਆ ਦਾ ਹੀ ਸਰੂਪ ਹੈ। ਵਿਕਾਰ-ਵਾਸਨਾ ਪੈਦਾ ਕਰਨ ਵਾਲੇ) ਰਾਗ-ਰੰਗ ਵਿਚ ਫਸ ਕੇ ਮਨੁੱਖ ਦਾ ਮਨ ਪਰਮਾਤਮਾ ਤੋਂ ਬਿਨਾ ਹੋਰ ਹੋਰ ਮੋਹ ਵਿਚ ਫਸਦਾ ਹੈ (ਇਸ ਰਾਗ-ਰੰਗ ਦੀ ਰਾਹੀਂ ਜਿਉਂ ਜਿਉਂ ਵਿਕਾਰ-ਵਾਸਨਾ ਵਧਦੀ ਹੈ) ਮਨੁੱਖ ਦੇ ਅੰਦਰ ਖੋਟ ਪੈਦਾ ਹੁੰਦਾ ਹੈ (ਤੇ ਖੋਟ ਦੇ ਕਾਰਨ) ਮਨੁੱਖ ਬਹੁਤ ਦੁੱਖ ਪਾਂਦਾ ਹੈ। ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ (ਸਹੀ ਜੀਵਨ ਰਾਹ ਦੀ) ਸਮਝ ਆ ਜਾਂਦੀ ਹੈ, ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ।4।

(ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਹ) ਗੁਰੂ ਦੇ ਸੱਚੇ ਸ਼ਬਦ ਵਿਚ ਜੁੜ ਕੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਾਰ ਕਮਾਂਦਾ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜਦਾ ਹੈ ਉਹ ਪਰਮਾਤਮਾ ਦੇ ਗੁਣ (ਸਦਾ) ਗਾਂਦਾ ਹੈ, ਉਹ (ਬਾਹਰ ਮਾਇਆ ਦੇ ਪਿੱਛੇ ਭਟਕਣ ਦੇ ਥਾਂ) ਆਪਣੇ ਅੰਤਰ ਆਤਮੇ ਹੀ ਟਿਕਦਾ ਹੈ, ਉਸ ਨੂੰ ਉਹ ਅਵਸਥਾ ਪ੍ਰਾਪਤ ਹੋ ਜਾਂਦੀ ਹੈ ਜਿਥੇ ਸਦਾ ਉੱਚਾ ਆਤਮਕ ਜੀਵਨ ਬਣਿਆ ਰਹਿੰਦਾ ਹੈ। ਤਦੋਂ ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪਾਂਦਾ ਹੈ।5।

ਜੇ ਕੋਈ ਮਨੁੱਖ ਅਨੇਕਾਂ ਜਤਨ ਭੀ ਕਰੇ, ਤਾਂ ਭੀ ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ (ਹਉਮੈ ਤੇ ਮਮਤਾ ਮਨੁੱਖ ਦਾ ਮਨ ਭਗਤੀ ਵਿਚ ਜੁੜਨ ਨਹੀਂ ਦੇਂਦੇ; ਇਹ) ਹਉਮੈ ਤੇ ਮਮਤਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨੁੱਖ (ਆਪਣੇ ਅੰਦਰੋਂ) ਦੂਰ ਕਰ ਸਕਦਾ ਹੈ। ਜਿਸ ਮਨੁੱਖ ਦੇ ਮਨ ਵਿਚ (ਗੁਰੂ ਦੀ ਕਿਰਪਾ

ਨਾਲ ਪਰਮਾਤਮਾ ਦਾ) ਪਵਿਤ੍ਰ ਨਾਮ ਵੱਸ ਪੈਂਦਾ ਹੈ ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ।6।

ਸਤਿਗੁਰੂ ਦਾ ਸ਼ਬਦ (ਹਿਰਦੇ ਵਿਚ ਵਸਾਣਾ) ਇਸ ਜਗਤ ਵਿਚ ਸਭ ਤੋਂ ਸ੍ਰੇਸ਼ਟ ਕਰਤੱਬ ਹੈ। ਗੁਰ-ਸ਼ਬਦ ਤੋਂ ਬਿਨਾ ਮਨੁੱਖ ਦੀ ਜਿੰਦ ਵਾਸਤੇ (ਚਾਰ ਚੁਫੇਰੇ) ਹੋਰ ਸਭ ਕੁਝ ਮੋਹ (-ਰੂਪ) ਘੁੱਪ ਹਨੇਰਾ ਪੈਦਾ ਕਰਨ ਵਾਲਾ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾ ਕੇ ਰੱਖਦਾ ਹੈ, ਉਹ ਸ਼ਬਦ ਵਿਚ ਜੁੜ ਕੇ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ਉਸ ਦੀ ਮਤਿ ਸੁਚੱਜੀ ਹੋ ਜਾਂਦੀ ਹੈ, ਉਹ (ਮਾਇਆ ਦੇ ਮੋਹ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲੈਂਦਾ ਹੈ।7।

(ਗੁਰੂ ਦੇ ਸ਼ਬਦ ਵਿਚ ਜੁੜਨ ਵਾਲੇ ਨੂੰ ਇਹ ਸਮਝ ਆ ਜਾਂਦੀ ਹੈ ਕਿ) ਜਗਤ ਰਚ ਕੇ ਇਸ ਦੀ ਸੰਭਾਲ ਕਰਨ ਵਾਲਾ ਇਕ ਪਰਮਾਤਮਾ ਹੀ ਹੈ, ਹੋਰ ਕੋਈ ਦੂਜਾ ਨਹੀਂ ਹੈ। ਉਹ ਪ੍ਰਭੂ ਆਪ ਸਦਾ-ਥਿਰ ਰਹਿਣ ਵਾਲਾ ਹੈ, ਉਸ ਵਰਗਾ ਹੋਰ ਕੋਈ ਨਹੀਂ, ਤੇ ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ। ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ।

ਪਰ, ਹੇ ਨਾਨਕ! ਕੋਈ ਵਿਰਲਾ ਮਨੁੱਖ ਹੀ (ਗੁਰੂ ਦੇ ਸ਼ਬਦ ਦੀ ਰਾਹੀਂ) ਭਾਲ ਕਰ ਕੇ ਪਰਮਾਤਮਾ ਦੀ ਪ੍ਰਾਪਤੀ ਕਰਦਾ ਹੈ।8।1।